# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

---

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2010/54148-54188
ਮਿਤੀ,ਚੰਡੀਗੜ੍ਹ 20-08-2010

**ਵਿਸ਼ਾ :- ਸਕੂਲ ਮੁੱਖੀਆਂ ਵੱਲੋਂ ਸਟਾਫ਼ ਮੀਟਿੰਗ ਲੈਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ, ਪੰਜਾਬ ਦੇ ਫੈਸਲੇ ਅਨੁਸਾਰ ਛੇਵੀਂ ਜਮਾਤ ਤੋਂ ਲੈ ਕੇ ਜਮਾਤ ਦੱਸਵੀਂ ਤੱਕ ਦੇ ਮਹੀਨਾਵਾਰ ਟੈਸਟ ਲਏ ਜਾਂਦੇ ਹਨ। ਇਹਨਾਂ ਮਹੀਨਾਵਾਰ ਟੈਸਟਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਛੇਵੀਂ ਜਮਾਤ ਤੋਂ ਲੈ ਕੇ ਜਮਾਤ ਦਸਵੀਂ ਤੱਕ ਗਣਿਤ, ਸਾਇੰਸ, ਹਿੰਦੀ, ਪੰਜਾਬੀ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਦੀ ਮਹੀਨਾਵਾਰ ਵੰਡ ਵੀ ਕੀਤੀ ਗਈ ਹੈ।

3.0 ਵੱਖ-ਵੱਖ ਨਿਰੀਖਣ ਟੀਮਾਂ ਵੱਲੋਂ ਨਿਰੀਖਣ ਦੌਰਾਨ ਦੇਖਣ ਵਿੱਚ ਆਇਆ ਹੈ ਕਿ ਸਿਲੇਬਸ ਵੰਡ ਮੁਤਾਬਿਕ ਜਮਾਤਾਂ ਦਾ ਸਿਲੇਬਸ ਪੂਰਾ ਨਹੀਂ ਹੋਇਆ ਹੁੰਦਾ ਜਾਂ ਪਿੱਛੇ ਚੱਲ ਰਿਹਾ ਹੁੰਦਾ ਹੈ ਪਰ ਇਸ ਸਬੰਧ ਵਿੱਚ ਸਕੂਲ ਮੁੱਖੀਆਂ ਨੂੰ ਕੋਈ ਜਾਣਕਾਰੀ ਨਹੀਂ ਹੁੰਦੀ।

4.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਹਫ਼ਤੇ ਵਿੱਚ ਇੱਕ ਵਾਰ, ਆਪ ਸਮੂਹ ਸਟਾਫ਼ ਨਾਲ ਮੀਟਿੰਗ ਕਰਨ ਤਾਂ ਜੋ ਵੱਖ-ਵੱਖ ਜਮਾਤਾਂ ਵਿੱਚ ਚੱਲ ਰਹੇ ਸਿਲੇਬਸ ਬਾਰੇ ਰਿਪੋਰਟ ਲੈ ਸਕਣ। ਦੂਸਰਾ ਸਕੂਲ ਦੇ ਜ਼ਰੂਰੀ ਮੁੱਦਿਆਂ ਅਤੇ ਹੋਰ ਆਫ਼ਿਸ ਦੇ ਵੈੱਬ-ਸਾਈਟ ਰਾਹੀਂ ਹਦਾਇਤਾਂ ਨੂੰ ਸਟਾਫ਼ ਨਾਲ ਸਾਂਝੀਆਂ ਕੀਤੀਆਂ ਜਾਣ ਤਾਂ ਜੋ ਕਾਰਗੁਜ਼ਾਰੀ ਬਿਹਤਰ ਹੋ ਸਕੇ ਪ੍ਰੰਤੂ ਮੀਟਿੰਗ ਕਰਨ ਵੇਲੇ ਇਸ ਗੱਲ ਬਾਰੇ ਧਿਆਨ ਰੱਖਿਆ ਜਾਵੇ ਕਿ ਇਸ ਦੇ ਨਾਲ ਵਿਦਿਆਰਥੀਆਂ ਦੀ ਜਮਾਤਾਂ ਦਾ ਕੋਈ ਨੁਕਸਾਨ ਨਾ ਹੋਵੇ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**